# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :15-06-2026**

- ਕੇਂਦਰ ਵਲੋਂ ਉੱਤਰੀ ਰੇਲਵੇ ਦੇ ਅੰਬਾਲਾ ਡਿਵੀਜ਼ਨ ਲਈ 201 ਕਰੋੜ ਰੁਪਏ ਦੇ 'ਕਵਚ ਪ੍ਰੋਜੈਕਟ' ਨੂੰ ਮਨਜ਼ੂਰੀ - ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਨੂੰ ਜੋੜਨ ਵਾਲੇ ਪ੍ਰਮੁੱਖ ਰੇਲ ਲਾਂਘਿਆਂ ਨੂੰ ਹੋਵੇਗਾ ਫਾਇਦਾ।
- ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ-2026 ਤਹਿਤ ਘਰ-ਘਰ ਗਣਨਾ 25 ਜੂਨ ਤੋਂ -ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ SIR ਦੇ ਹਿੱਸੇ ਵਜੋਂ, ਗਣਨਾ ਦਾ ਗੇੜ ਅੱਜ ਤੋਂ ਸ਼ੁਰੂ ਹੋਇਆ।
- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ, ਰੂਪਨਗਰ ਜ਼ਿਲ੍ਹੇ ਵਿੱਚ ਆਵਾਰਾ ਕੁੱਤਿਆਂ ਦੇ ਹਮਲੇ ਕਾਰਨ, ਅੱਠ ਸਾਲਾ ਬੱਚੀ ਦੀ ਮੌਤ ਹੋਣ ਦਾ, ਆਪਣੇ ਪੱਧਰ 'ਤੇ ਨੋਟਿਸ ਲਿਆ I
- ਆਯੁਸ਼ ਮੰਤਰਾਲੇ ਵਲੋਂ 12ਵੇਂ ਕੌਮਾਂਤਰੀ ਯੋਗ ਦਿਵਸ ਦੇ ਰਸਮੀ ਸਮਾਗਮਾਂ ਦੀ ਸ਼ੁਰੂਆਤ।

ਅਤੇ

- ਜਲੰਧਰ 'ਚ ਪਠਾਨਕੋਟ ਸੜਕ 'ਤੇ ਅੱਜ ਸਵੇਰੇ ਹੋਏ ਇੱਕ ਸੜਕ ਹਾਦਸੇ ਵਿੱਚ, ਮਾਂ-ਧੀ ਸਮੇਤ ਇੱਕ ਪਰਿਵਾਰ ਦੇ ਦੋ ਮੈਂਬਰਾਂ ਦੀ ਮੌਤ-ਦੂਜੀ ਧੀ ਗੰਭੀਰ ਜ਼ਖਮੀ।

-------------------------------------------------------

ਉੱਤਰੀ ਰੇਲਵੇ ਦੇ ਅੰਬਾਲਾ ਡਿਵੀਜ਼ਨ ਲਈ 201 ਕਰੋੜ ਰੁਪਏ ਦੇ ਕਵਚ ਪ੍ਰੋਜੈਕਟ ਨੂੰ ਮਨਜ਼ੂਰੀ ਦੇ ਦਿੱਤੀ ਗਈ ਏ । ਕਵਚ ਇੱਕ ਸਵਦੇਸ਼ੀ ਤੌਰ 'ਤੇ ਵਿਕਸਤ ਆਟੋਮੈਟਿਕ ਰੇਲਗੱਡੀ ਸੁਰੱਖਿਆ ਪ੍ਰਣਾਲੀ ਏ । ਰੇਲਵੇ ਮੰਤਰਾਲੇ ਨੇ ਕਿਹਾ ਕਿ ਇਹ ਪ੍ਰਣਾਲੀ 811 ਕਿਲੋਮੀਟਰ ਮਾਰਗ 'ਤੇ ਸਥਾਪਿਤ ਕੀਤੀ ਜਾਵੇਗੀ । ਇਸ ਪ੍ਰੋਜੈਕਟ ਚ ਅੰਬਾਲਾ ਡਿਵੀਜ਼ਨ ਦੇ ਅੰਬਾਲਾ ਛਾਉਣੀ-ਲੁਧਿਆਣਾ, ਕਾਲਕਾ-ਚੰਡੀਗੜ੍ਹ-ਨਿਊ ਮੋਰਿੰਡਾ-ਸਾਹਨੇਵਾਲ, ਸਰਹਿੰਦ-ਦੌਲਤਪੁਰ ਚੌਕ, ਰਾਜਪੁਰਾ-ਬਠਿੰਡਾ-ਸ੍ਰੀ ਗੰਗਾਨਗਰ, ਅਤੇ ਲੁਧਿਆਣਾ-ਧੂਰੀ-ਜਾਖਲ ਹਿੱਸੇ ਸ਼ਾਮਿਲ ਨੇ । ਇਹ ਮਾਰਗ ਪੰਜਾਬ ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਸੂਬਿਆਂ ਨੂੰ ਜੋੜਨ ਵਾਲਾ ਪ੍ਰਮੁੱਖ ਰੇਲ ਲਾਂਘੇ ਨੇ ।

-------------------------------------------------------

ਵਿਸ਼ੇਸ਼ ਤੀਬਰ ਸੋਧ -SIR-2026 ਤਹਿਤ ਸੂਬੇ ਭਰ ਵਿੱਚ ਘਰ-ਘਰ ਗਣਨਾ 25 ਜੂਨ ਤੋਂ 24 ਜੁਲਾਈ ਤੱਕ ਹੋਵੇਗੀ, ਜਿਸ ਵਿੱਚ ਬੂਥ ਲੈਵਲ ਅਫਸਰ-BLOs ਵੋਟਰਾਂ ਦੇ ਵੇਰਵਿਆਂ ਦੀ ਪੁਸ਼ਟੀ ਕਰਨ ਅਤੇ ਗਣਨਾ ਫਾਰਮ ਇਕੱਤਰ ਕਰਨ ਲਈ ਘਰ-ਘਰ ਜਾਣਗੇ। ਸੂਬੇ ਦੇ ਮੁੱਖ ਚੋਣ ਕਮਿਸ਼ਨਰ ਅਨਿੰਦਿਤਾ ਮਿਤਰਾ ਨੇ ਸੂਬਾ ਪੱਧਰੀ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਅੱਜ ਚੋਣ ਕਮਿਸ਼ਨ ਦੇ ਸੀਨੀਅਰ ਡਿਪਟੀ ਚੋਣ ਕਮਿਸ਼ਨਰ ਭਾਨੂ ਪ੍ਰਕਾਸ਼ ਯੇਤੂਰੂ, ਦੀ ਪ੍ਰਧਾਨਗੀ ਹੇਠ ਇੱਕ ਸਮੀਖਿਆ ਮੀਟਿੰਗ ਕੀਤੀ । ਇਹ ਮੀਟਿੰਗ ,ਮੋਹਾਲੀ ਫਤਿਹਗੜ੍ਹ ਸਾਹਿਬ, ਪਟਿਆਲਾ, ਰੋਪੜ ਅਤੇ ਐਸ.ਬੀ.ਐਸ. ਨਗਰ ਦੇ ਜ਼ਿਲ੍ਹਾ ਚੋਣ ਅਧਿਕਾਰੀਆਂ ਨਾਲ ਕੀਤੀ ਗਈ। ਸ੍ਰੀਮਤੀ ਮਿਤਰਾ ਨੇ ਸੀਨੀਅਰ ਡਿਪਟੀ ਚੋਣ ਕਮਿਸ਼ਨਰ ਨੂੰ ਸੂਬੇ ਦੇ ਚੋਣ ਤੰਤਰ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਵਿੱਚ 5 ਡਿਵੀਜ਼ਨਾਂ, 23 ਜ਼ਿਲ੍ਹੇ ਅਤੇ 117 ਹਲਕੇ ਸ਼ਾਮਲ ਹਨ ਜਿਹਨਾਂ ਵਿੱਚ ਕੁੱਲ 14 ਹਜ਼ਾਰ 664 ਸਥਾਨਾਂ 'ਤੇ 24 ਹਜ਼ਾਰ 453 ਪੋਲਿੰਗ ਸਟੇਸ਼ਨ ਹਨ। ਉਨ੍ਹਾਂ ਦੱਸਿਆ ਕਿ ਸੂਬੇ ਵਿੱਚ ਕੁੱਲ 85.82 ਫ਼ੀਸਦ ਵੋਟਰ ਮੈਪਿੰਗ ਮੁਕੰਮਲ ਹੋ ਚੁੱਕੀ ਏ ।

ਉਨ੍ਹਾਂ ਦੱਸਿਆ ਕਿ ਚੋਣ ਅਧਿਕਾਰੀਆਂ, ਚੋਣ ਤਹਿਸੀਲਦਾਰਾਂ ਅਤੇ ਤਕਨੀਕੀ ਅਮਲੇ ਲਈ ਕਰਵਾਇਆ ਗਿਆ ਤਿੰਨ-ਰੋਜ਼ਾ ਸੂਬਾ ਪੱਧਰੀ ਸਿਖਲਾਈ ਪ੍ਰੋਗਰਾਮ ਸਫਲਤਾਪੂਰਵਕ ਮੁਕੰਮਲ ਹੋ ਗਿਆ ਏ ਜਦੋਂ ਕਿ ਬੀ.ਐਲ.ਓਜ਼ ਅਤੇ ਬੀ.ਐਲ.ਓਜ਼ ਸੁਪਰਵਾਈਜ਼ਰਾਂ ਲਈ ਜ਼ਿਲ੍ਹਾ ਪੱਧਰੀ ਸਿਖਲਾਈ ਪ੍ਰਗਤੀ ਅਧੀਨ ਏ। ਚੋਣ ਸਮੱਗਰੀ ਦੀ ਛਪਾਈ ਦਾ ਕੰਮ ਜਾਰੀ ਏ ਅਤੇ ਘਰ-ਘਰ ਜਾ ਕੇ ਤਸਦੀਕ ਕਰਨ ਸਬੰਧੀ ਪੜਾਅ ਤੋਂ ਪਹਿਲਾਂ ਇਸ ਨੂੰ ਮੁਕੰਮਲ ਕਰ ਲਿਆ ਜਾਵੇਗਾ। ਡਿਪਟੀ ਚੋਣ ਕਮਿਸ਼ਨਰ ਨੇ ਸਾਰੇ ਡੀ.ਈ.ਓਜ਼ ਨੂੰ ਵੋਟਰ ਸੂਚੀਆਂ ਦੀ ਸਟੀਕਤਾ, ਸੰਪੂਰਨਤਾ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਹਰੇਕ ਜ਼ਿਲ੍ਹੇ ਦੀ ਫੀਲਡ ਮਸ਼ੀਨਰੀ ਦੀਆਂ ਤਿਆਰੀਆਂ ਅਤੇ ਲਾਗੂਕਰਨ ਪ੍ਰੋਟੋਕੋਲ ਦੀ ਸਮੀਖਿਆ ਕੀਤੀ। ਸੀਨੀਅਰ ਡਿਪਟੀ ਚੋਣ ਕਮਿਸ਼ਨਰ ਪੰਜਾਬ ਦੇ ਤਿੰਨ ਰੋਜ਼ਾ ਦੌਰੇ ਦੌਰਾਨ ਅਗਲੇ ਦੋ ਦਿਨਾਂ ਵਿੱਚ ਹੋਰ ਜ਼ਿਲ੍ਹਿਆਂ ਨੂੰ ਕਵਰ ਕਰਨਗੇ।

-------------------------------------------------------------

ਓਧਰ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ ਦੇ ਹਿੱਸੇ ਵਜੋਂ, ਗਣਨਾ ਪੜਾਅ ਅੱਜ ਤੋਂ ਸ਼ੁਰੂ ਹੋ

ਗਿਆ ਅਤੇ 14 ਜੁਲਾਈ ਤੱਕ ਜਾਰੀ ਰਹੇਗਾ। ਜਾਗਰੂਕਤਾ ਪੈਦਾ ਕਰਨ ਅਤੇ ਸੋਧ ਪ੍ਰਕਿਰਿਆ ਵਿੱਚ ਵੱਧ ਤੋਂ ਵੱਧ ਜਨਤਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਲਈ, ਸ਼ਹਿਰ ਭਰ ਵਿੱਚ ਵੋਟਰ ਜਾਗਰੂਕਤਾ ਗਤੀਵਿਧੀਆਂ ਕਾਰਵਾਈਆਂ ਜਾ ਰਹੀਆਂ ਨੇ । ਅੱਜ, 200 ਤੋਂ ਵੱਧ ਆਂਗਣਵਾੜੀ ਵਰਕਰਾਂ ਅਤੇ ਸਿਵਲ ਡਿਫੈਂਸ ਵਲੰਟੀਅਰਾਂ ਦੀ ਭਾਗੀਦਾਰੀ ਨਾਲ ਸੁਖਨਾ ਝੀਲ 'ਤੇ ਇੱਕ ਵਾਕਾਥੋਨ ਕਾਰਵਾਈ ਗਈ । ਭਾਗੀਦਾਰਾਂ ਨੇ "SIR, ਚੰਡੀਗੜ੍ਹ ਹੈ ਤਿਆਰ" ਦਾ ਨਾਅਰਾ ਲਗਾਇਆ । ਵਲੰਟੀਅਰਜ਼ ਨੇ ਲੋਕਾਂ ਨਾਲ ਗੱਲਬਾਤ ਕਰਕੇ SIR ਪ੍ਰੋਗਰਾਮ ਬਾਰੇ ਜਾਣਕਾਰੀ ਦਿਤੀ । ਸਾਰੇ ਯੋਗ ਨਾਗਰਿਕਾਂ ਨੂੰ ਵਿਸ਼ੇਸ਼ ਤੀਬਰ ਸੋਧ ਪ੍ਰਕਿਰਿਆ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਇੱਕ ਪਾਰਦਰਸ਼ੀ, ਸਮਾਵੇਸ਼ੀ ਅਤੇ ਮਜ਼ਬੂਤ ਲੋਕਤੰਤਰੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ ਏ ।

---------------------------------------------------------

ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਰੂਪਨਗਰ ਜ਼ਿਲ੍ਹੇ ਵਿੱਚ ਆਵਾਰਾ ਕੁੱਤਿਆਂ ਦੇ ਹਮਲੇ ਤੋਂ ਬਾਅਦ ਅੱਠ ਸਾਲ ਦੀ ਬੱਚੀ ਦੀ ਮੌਤ ਹੋਣ ਦੀ ਘਟਨਾ ਦਾ ਆਪਣੇ ਪੱਧਰ 'ਤੇ ਨੋਟਿਸ ਲਿਆ ਏ ।

ਜ਼ਿਕਰਯੋਗ ਏ ਕਿ ਆਪਣੇ ਘਰ ਦੇ ਬਾਹਰ ਖੇਡਦਿਆਂ ਬੱਚੀ 'ਤੇ ਆਵਾਰਾ ਕੁੱਤਿਆਂ ਨੇ ਹਮਲਾ ਕਰ ਦਿੱਤਾ। ਸਥਾਨਕ ਲੋਕਾਂ ਨੇ ਉਸਨੂੰ ਬਚਾਇਆ ਅਤੇ ਚੰਡੀਗੜ੍ਹ ਦੇ PGI ਹਸਪਤਾਲ ਲੈ ਗਏ, ਪਰ ਰਸਤੇ ਵਿੱਚ ਉਸਦੀ ਮੌਤ ਹੋ ਗਈ। ਮਾਮਲੇ ਨੂੰ ਗੰਭੀਰਤਾ ਨਾਲ ਲੈਂਦੇ ਹੋਏ, ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ ਪੰਜਾਬ ਦੇ ਮੁੱਖ ਸਕੱਤਰ ਨੂੰ ਨੋਟਿਸ ਜਾਰੀ ਕਰਕੇ ਦੋ ਹਫ਼ਤਿਆਂ ਦੇ ਅੰਦਰ ਇਸ ਮਾਮਲੇ ਦੀ ਵੇਰਵੇ ਸਮੇਤ ਰਿਪੋਰਟ ਮੰਗੀ ਏ।

-----------------------------------------------------------

ਆਯੁਸ਼ ਮੰਤਰਾਲੇ ਨੇ ਅੱਜ ਨਵੀਂ ਦਿੱਲੀ ਵਿੱਚ 12ਵੇਂ ਕੌਮਾਂਤਰੀ ਯੋਗ ਦਿਵਸ ਦੇ ਸ਼ਾਨਦਾਰ ਜਸ਼ਨ ਲਈ ਰਸਮੀ ਸਮਾਗਮਾਂ ਦੀ ਸ਼ੁਰੂਆਤ ਕੀਤੀ। ਆਯੁਸ਼ ਮੰਤਰੀ ਪ੍ਰਤਾਪਰਾਓ ਜਾਧਵ ਨੇ ਨਵੀਂ ਦਿੱਲੀ ਵਿੱਚ ਪੱਤਰਕਾਰਾਂ ਨੂੰ ਦੱਸਿਆ ਕਿ ਮੁੱਖ ਸਮਾਗਮ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਕੋਲਕਾਤਾ ਦੇ ਰੈੱਡ ਰੋਡ 'ਤੇ ਹੋਵੇਗਾ। ਉਨ੍ਹਾਂ ਕਿਹਾ ਕਿ ਇਸ ਮੌਕੇ 45 ਮਿੰਟ ਦਾ ਯੋਗ ਪ੍ਰੋਟੋਕੋਲ ਆਯੋਜਿਤ ਕੀਤਾ ਜਾਵੇਗਾ। ਮੁੱਖ ਸਮਾਗਮ ਦੇ ਨਾਲ-ਨਾਲ, ਹੁਗਲੀ ਨਦੀ 'ਤੇ 500 ਕਿਸ਼ਤੀਆਂ 'ਤੇ ਯੋਗ ਸੈਸ਼ਨਾਂ ਦੀ ਯੋਜਨਾ ਬਣਾਈ ਗਈ ਏ। ਆਯੁਸ਼ ਮੰਤਰੀ ਨੇ ਕਿਹਾ ਕਿ ਮੁੱਖ ਕੌਮਾਂਤਰੀ ਯੋਗ ਦਿਵਸ ਸਮਾਰੋਹ ਤੋਂ ਪਹਿਲਾਂ ਕੱਲ੍ਹ ਵਿਸ਼ੇਸ਼ ਯੋਗ ਪ੍ਰੋਗਰਾਮ ਦੇ ਲਾਈਵ ਯੋਗ ਸੈਸ਼ਨ ਵਿੱਚ

400,000 ਤੋਂ ਵੱਧ ਲੋਕਾਂ ਦੀ ਭਾਗੀਦਾਰੀ ਨਾਲ ਇੱਕ ਗਿਨੀਜ਼ ਵਰਲਡ ਰਿਕਾਰਡ ਸਥਾਪਤ ਕੀਤਾ ਗਿਆ ਸੀ। ਇਸ ਸਾਲ, ਅੰਤਰਰਾਸ਼ਟਰੀ ਯੋਗ ਦਿਵਸ ਦਾ ਵਿਸ਼ਾ "ਸਿਹਤਮੰਦ ਜੀਵਨ ਲਈ ਯੋਗ" ਰੱਖਿਆ ਗਿਆ ਏ ।

---

ਭਾਰਤੀ ਫ਼ੌਜ ਦੀ ਵਜਰ ਕੋਰ ਨੇ ਦੇਸ਼-ਵਾਸੀਆਂ ਨੂੰ ਫਿਰੋਜ਼ਪੁਰ ਦੇ ਗੁਰਦੁਆਰਾ ਸਾਰਾਗੜ੍ਹੀ ਸਾਹਿਬ, ਹੁਸੈਨੀਵਾਲਾ ਯਾਦਗਾਰ ਤੇ ਫਿਰੋਜ਼ਪੁਰ ਕਿਲ੍ਹੇ ਦੀਆਂ ਜੰਗੀ ਦੀਵਾਰਾਂ ਅਤੇ ਤਰਨਤਾਰਨ ਦੇ ਖੇਮਕਰਨ ਕਸਬੇ ਵਿੱਚ ਆਸਲ-ਉੱਤਾੜ ਦੇ ਦਰਸ਼ਨ ਕਰਨ ਦੀ ਅਪੀਲ ਕੀਤੀ ਏ ਜੋ ਕਿ ਪਾਕਿਸਤਾਨੀ ਟੈਂਕਾਂ ਦੇ ਕਬਰਿਸਤਾਨ ਵਜੋਂ ਮਸ਼ਹੂਰ ਨੇ । ਸਾਡੇ ਪੱਤਰਕਾਰ ਨੇ ਦਸਿਆ ਕਿ 'ਪੰਜਾਬ ਦੇ ਰਖਵਾਲਿਆਂ' ਵਜੋਂ ਜਾਣੀ ਜਾਂਦੀ ਵਜਰ ਕੋਰ ਨੇ ਆਪਣੀਆਂ ਸੋਸ਼ਲ ਮੀਡੀਆ ਪੋਸਟਾਂ ਵਿੱਚ ਇਨ੍ਹਾਂ ਥਾਵਾਂ ਨੂੰ 'ਸ਼ੌਰਿਆ ਧਰੋਹਰ' ਯਾਨੀ ਬਹਾਦਰੀ ਦੀ ਵਿਰਾਸਤ ਕਰਾਰ ਦਿੱਤਾ ਅਤੇ ਲੋਕਾਂ ਨੂੰ 'ਪੰਜਾਬ ਦੀ ਮਾਣ ਦੀ ਸਰਹੱਦ' ਦੇਖਣ ਲਈ ਸੱਦਾ ਦਿਤਾ ਏ । ਇਨ੍ਹਾਂ ਸਾਰੀਆਂ ਥਾਵਾਂ ਦਾ ਇਤਿਹਾਸਕ ਮਹੱਤਵ ਏ ਜੋ 1965 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਭਾਰਤੀ ਜਵਾਨਾਂ ਦੀ ਬਹਾਦਰੀ ,, 1897 ਵਿੱਚ ਸਾਰਾਗੜ੍ਹੀ ਵਿੱਚ ਬ੍ਰਿਟਿਸ਼ ਭਾਰਤ ਸਿੱਖ ਸੈਨਿਕਾਂ ਅਤੇ ਸ਼ਹੀਦ-ਏ-ਆਜ਼ਮ ਭਗਤ ਸਿੰਘ, ਰਾਜਗੁਰੂ ਅਤੇ ਸੁਖਦੇਵ ਸਮੇਤ ਭਾਰਤੀ ਆਜ਼ਾਦੀ ਘੁਲਾਟੀਆਂ ਦੀ ਸ਼ਹਾਦਤ ਦਾ ਵਰਣਨ

ਕਰਦੀਆਂ ਨੇ ।

---------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੰਘ ਲੋਕ ਸੇਵਾ ਕਮਿਸ਼ਨ-UPSC ਪ੍ਰੀਖਿਆ 2025 ਪਾਸ ਕਰਨ ਵਾਲੇ ਉਮੀਦਵਾਰਾਂ ਨੂੰ ਸਨਮਾਨਿਤ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਸਫਲਤਾ ਪੰਜਾਬ ਦੀ ਸਿੱਖਿਆ ਪ੍ਰਣਾਲੀ ਦੀ ਵਧਦੀ ਤਾਕਤ ਅਤੇ ਸੂਬੇ ਦੇ ਨੌਜਵਾਨਾਂ ਦੀ ਅਥਾਹ ਸੰਭਾਵਨਾ ਨੂੰ ਦਰਸਾਉਂਦੀ ਏ। ਪ੍ਰੀਖਿਆਵਾਂ ਵਿੱਚ ਕੁੜੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਨੂੰ ਉਜਾਗਰ ਕਰਦੇ ਹੋਏ, ਮੁਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀਆਂ ਪ੍ਰਾਪਤੀਆਂ ਮਹਿਲਾ ਸਸ਼ਕਤੀਕਰਨ ਦਾ ਇੱਕ ਸ਼ਕਤੀਸ਼ਾਲੀ ਪ੍ਰਤੀਕ ਨੇ ਅਤੇ ਇਸ ਗੱਲ ਦਾ ਸਬੂਤ ਹਨ ਕਿ ਬਰਾਬਰ ਮੌਕੇ ਧੀਆਂ ਨੂੰ ਹਰ ਖੇਤਰ ਵਿੱਚ ਉੱਤਮਤਾ ਪ੍ਰਾਪਤ ਕਰਨ ਦੇ ਯੋਗ ਬਣਾਉਂਦੇ ਹਨ। UPSC ਪ੍ਰੀਖਿਆ ਪਾਸ ਕਰਨ ਵਾਲੇ ਪੰਜਾਬ ਤੋਂ ਨਵੇਂ ਚੁਣੇ ਗਏ ਅਧਿਕਾਰੀਆਂ ਨਾਲ ਗੱਲਬਾਤ ਕਰਦੇ ਹੋਏ, ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਦੇ ਨੌਜਵਾਨ ਆਪਣੀਆਂ ਸ਼ਾਨਦਾਰ ਪ੍ਰਾਪਤੀਆਂ ਰਾਹੀਂ ਸੂਬੇ ਦਾ ਮਾਣ ਵਧਾ ਰਹੇ ਨੇ ।

---------------------------------------------------------------

ਪੰਜਾਬ ਗਊ ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ ਵੱਲੋਂ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਪ੍ਰੈਸ ਕਾਨਫਰੰਸ ਕੀਤੀ

ਗਈ ।

ਉਨ੍ਹਾਂ ਗਊਧਨ ਦੀ ਸੰਭਾਲ ਅਤੇ ਸੁਰੱਖਿਆ ਸਬੰਧੀ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਗਊਆਂ ਦੀ ਸੰਭਾਲ ਅਤੇ ਉਨ੍ਹਾਂ ਲਈ ਵਧੀਆ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਏ । ਉਨ੍ਹਾਂ ਨੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸੰਬੰਧਿਤ ਵਿਭਾਗਾਂ ਨੂੰ ਹਦਾਇਤਾਂ ਦਿੱਤੀਆਂ ਕਿ ਆਵਾਰਾ ਪਸ਼ੂਆਂ ਨੂੰ ਸੜਕਾਂ ਤੋਂ ਹਟਾ ਕੇ ਗਊਸ਼ਾਲਾਵਾਂ ਵਿੱਚ ਪਹੁੰਚਾਇਆ ਜਾਵੇ।

ਊਨਾ ਦੱਸਿਆ ਕਿ ਗਊ ਸੇਵਾ ਸੈੱਸ ਦੀ ਰਕਮ ਦਾ ਸਹੀ ਢੰਗ ਨਾਲ ਇਸਤੇਮਾਲ ਕਰਕੇ ਗੌਸ਼ਾਲਾਵਾਂ ਦੀ ਸੁਧਾਰ, ਚਾਰੇ ਅਤੇ ਇਲਾਜ ਦੀਆਂ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਏ ਅਤੇ ਕਮਿਸ਼ਨ ਵੱਲੋਂ ਗਊਆਂ ਦੀ ਸੁਰੱਖਿਆ ਲਈ ਵੱਖ-ਵੱਖ ਯੋਜਨਾਵਾਂ ਲਾਗੂ ਕੀਤੀਆਂ ਜਾ ਰਹੀਆਂ ਹਨ।

ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਜੇ ਕੋਈ ਵੀ ਵਿਅਕਤੀ ਪਸ਼ੂਆਂ ਨੂੰ ਸੜਕਾਂ 'ਤੇ ਛੱਡਦਾ ਏ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਗਊਧਨ ਦੀ ਸੇਵਾ ਅਤੇ ਸੰਭਾਲ ਲਈ ਸਰਕਾਰ ਨਾਲ ਸਹਿਯੋਗ ਕਰਨ।

-----------------------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਪਟਿਆਲਾ ਵੱਲੋਂ ਪਿੰਡ ਘਣੀਵਾਲ ਵਿਖੇ "ਖੇਤ ਬਚਾਓ ਅਭਿਆਨ" ਤਹਿਤ ਇੱਕ ਰੋਜ਼ਾ ਕਿਸਾਨ ਜਾਗਰੂਕਤਾ ਕੈਂਪ ਲਾਇਆ ਗਿਆ । ਫ਼ਸਲ ਵਿਗਿਆਨ ਬਾਰੇ ਸਹਾਇਕ ਪ੍ਰੋਫੈਸਰ ਡਾ. ਗੁਰਪ੍ਰੀਤ ਸਿੰਘ, ਨੇ ਕਿਸਾਨਾਂ ਨੂੰ ਖੇਤੀ ਦੀ ਲਾਗਤ ਘਟਾਉਣ ਅਤੇ ਜ਼ਮੀਨ ਦੀ ਸਿਹਤ ਸੁਧਾਰਨ ਵਾਸਤੇ ਰੂੜੀ, ਫਸਲੀ ਰਹਿੰਦ-ਖੂਹੰਦ, ਜੀਵਾਣੂ ਖਾਦਾਂ ਅਤੇ ਜੈਵਕ ਖਾਦ ਦੀ ਵਰਤੋਂ ਲਾਜ਼ਮੀ ਤੌਰ 'ਤੇ ਕਰਨ ਦੀ ਸਲਾਹ ਦਿੱਤੀ। ਉਨ੍ਹਾਂ ਕਿਹਾ ਕਿ ਸੰਤੁਲਿਤ ਖਾਦ ਪ੍ਰਬੰਧਨ ਨਾਲ ਫਸਲਾਂ ਦੀ ਪੈਦਾਵਾਰ ਵਿੱਚ ਵਾਧਾ ਹੋਣ ਦੇ ਨਾਲ-ਨਾਲ ਖੇਤੀ ਦੀ ਲਾਗਤ ਵਿੱਚ ਵੀ ਕਮੀ ਆਉਂਦੀ ਏ । ਕਿਸਾਨਾਂ ਨੂੰ ਝੋਨੇ ਦੀ ਪਨੀਰੀ ਵਿਚ ਆਉਣ ਵਾਲੇ ਖੁਰਾਕੀ ਤੱਤਾਂ ਦੀਆਂ ਘਾਟਾਂ ਦੀਆਂ ਨਿਸ਼ਾਨੀਆਂ ਅਤੇ ਪ੍ਰਬੰਧ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਯੂਰੀਆ ਅਤੇ ਡੀ.ਏ.ਪੀ. ਵਰਗੀਆਂ ਖਾਦਾਂ ਦੀ ਵੱਧ ਵਰਤੋਂ ਨਾਲ ਪੈਦਾ ਹੋਣ ਵਾਲੀਆਂ ਸਮੱਸਿਆਵਾਂ ਬਾਰੇ ਵੀ ਕਿਸਾਨਾਂ ਨੂੰ ਜਾਣੂ ਕਰਵਾਇਆ ਅਤੇ ਬਿਜਾਈ ਤੋਂ ਪਹਿਲਾਂ ਮਿੱਟੀ ਅਤੇ ਪਾਣੀ ਦੀ ਜਾਂਚ ਕਰਵਾਉਣ ਦੀ ਸਲਾਹ ਦਿੱਤੀ। ਡਾ. ਰਚਨਾ ਸਿੰਗਲਾ ਨੇ ਕੈਂਪ ਦੌਰਾਨ ਕਿਸਾਨਾਂ ਨੂੰ ਝੋਨੇ ਦੀਆਂ ਪ੍ਰਮਾਣਿਤ ਕਿਸਮਾਂ ਦੀ ਬਿਜਾਈ ਕਰਨ, ਨਰਸਰੀ ਦੀ ਅਗੇਤੀ ਬਿਜਾਈ ਤੋਂ ਬਚਣ ਅਤੇ ਸਿਹਤਮੰਦ ਪਨੀਰੀ

ਤਿਆਰ ਕਰਨ ਲਈ ਯੂਨੀਵਰਸਿਟੀ ਵੱਲੋਂ ਸਿਫਾਰਿਸ਼ ਕੀਤੀਆਂ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ। ਕੈਂਪ ਦੌਰਾਨ ਕਿਸਾਨਾਂ ਨੂੰ ਘਰੇਲੂ ਪੱਧਰ ‘ਤੇ ਪੌਸ਼ਟਿਕ ਬਗੀਚੀ ਲਗਾਉਣ ਅਤੇ ਫਲਾਂ ਤੇ ਸਬਜ਼ੀਆਂ ਦੀ ਜੈਵਿਕ ਤਰੀਕਿਆਂ ਨਾਲ ਕਾਸ਼ਤ ਕਰਨ ਲਈ ਵੀ ਉਤਸ਼ਾਹਿਤ ਕੀਤਾ ਗਿਆ। ਮਾਹਿਰਾਂ ਨੇ ਕਿਸਾਨਾਂ ਵੱਲੋਂ ਝੋਨੇ ਵਿੱਚ ਯੂਰੀਆ ਅਤੇ ਜ਼ਿੰਕ ਦੀ ਵਰਤੋਂ, ਨਾਲ ਹੀ ਝੋਨੇ ਦੇ ਮਧਰੇ ਬੂਟਿਆਂ ਅਤੇ ਝੂਠੀ ਕਾਂਗਿਆਰੀ ਦੇ ਰੋਗ ਸਬੰਧੀ ਪੁੱਛੇ ਗਏ ਸਵਾਲਾਂ ਦੇ ਤਸੱਲੀਬਖਸ਼ ਜਵਾਬ ਵੀ ਦਿੱਤੇ। ਇਸ ਮੌਕੇ ਉੱਦਮੀ ਕਿਸਾਨਾਂ ਨੇ ਸ਼ਮੂਲੀਅਤ ਕੀਤੀ।

-------------------------------------------------------------------------------

'ਮਿਸ਼ਨ ਕਲੀਨ ਪੰਜਾਬ' ਤਹਿਤ ਬਠਿੰਡਾ ਨਗਰ ਨਿਗਮ ਦੀਆਂ ਟੀਮਾਂ ਨੇ ਅੱਜ ਸ਼ਹਿਰ ਦੇ ਵੱਖ-ਵੱਖ ਪੰਪਿੰਗ ਸਟੇਸ਼ਨਾਂ ’ਤੇ ਲੱਗੀਆਂ ਮੋਟਰਾਂ ਦੀ ਜਾਂਚ ਅਤੇ ਮੁਰੰਮਤ ਕੀਤੀ । ਨਗਰ ਨਿਗਮ ਕਮਿਸ਼ਨਰ ਲਵਜੀਤ ਕਲਸੀ ਨੇ ਦੱਸਿਆ ਕਿ ਇਹ ਮੋਟਰਾਂ ਮੀਂਹ ਪੈਣ ਤੋਂ ਬਾਅਦ ਨੀਵੇਂ ਇਲਾਕਿਆਂ ਵਿੱਚ ਇਕੱਠੇ ਹੋਏ ਬਰਸਾਤੀ ਪਾਣੀ ਨੂੰ ਕੁਝ ਘੰਟਿਆਂ ਵਿੱਚ ਬਾਹਰ ਕੱਢ ਦਿੰਦੀਆਂ ਹਨ। ਉਨ੍ਹਾਂ ਕਿਹਾ ਕਿ ਸਾਰੀਆਂ ਮੋਟਰਾਂ ਦੀ ਜਾਂਚ ਕਰ ਲਈ ਗਈ , ਖ਼ਰਾਬ ਮੋਟਰਾਂ ਨੂੰ ਠੀਕ ਕਰ ਦਿੱਤਾ ਗਿਆ ਏ ਅਤੇ ਹੋਰ ਲੋੜੀਂਦੇ ਕੰਮ ਵੀ ਮੁਕੰਮਲ ਕਰ ਲਏ ਗਏ ਹਨ।

ਕਮਿਸ਼ਨਰ ਨੇ ਦੱਸਿਆ ਕਿ ਟੀਮਾਂ ਵੱਲੋਂ ਲੋਕਾਂ ਨੂੰ ਗਿੱਲੇ ਅਤੇ ਸੁੱਕੇ ਕੂੜੇ ਨੂੰ ਵੱਖ ਵੱਖ ਕਰਨ ਬਾਰੇ ਜਾਗਰੂਕ ਕੀਤਾ ਜਾ ਰਿਹਾ ਏ । ਟੀਮਾਂ ਵੱਲੋਂ ਅਜੀਤ ਰੋਡ ਅਤੇ ਜਨਤਾ ਨਗਰ ਵਿੱਚ ਜਾਗਰੂਕਤਾ ਗਤੀਵਿਧੀਆਂ ਕਰਵਾਈਆਂ ਗਈਆਂ। ਲੋਕਾਂ ਨੂੰ ਅਪੀਲ ਕੀਤੀ ਗਈ ਕਿ ਉਹ ਰਸੋਈ ਦੇ ਗਿੱਲੇ ਕੂੜੇ ਨੂੰ ਵੱਖ ਕਰਕੇ ਹੀ ਸਫਾਈ ਕਰਮਚਾਰੀ ਨੂੰ ਦੇਣ। ਇਸ ਤੋਂ ਇਲਾਵਾ ਅਜੀਤ ਰੋਡ ’ਤੇ ਸਥਿਤ ਹਸਪਤਾਲਾਂ ਨੂੰ ਵੀ ਪ੍ਰੇਰਿਤ ਕੀਤਾ ਗਿਆ ਕਿ ਉਹ ਬਾਇਓ-ਮੈਡੀਕਲ ਕੂੜੇ ਨੂੰ ਆਮ ਕੂੜੇ ਤੋਂ ਵੱਖ ਰੱਖਣ ਅਤੇ ਸਰਕਾਰੀ ਨਿਯਮਾਂ ਮੁਤਾਬਿਕ ਉਸ ਦਾ ਨਿਪਟਾਰਾ ਯਕੀਨੀ ਬਣਾਉਣ। ਏਮਜ਼ ਬਠਿੰਡਾ ਦੇ ਸਫ਼ਾਈ ਕਰਮਚਾਰੀਆਂ ਲਈ ਜਾਗਰੂਕਤਾ ਅਤੇ ਸਿਖਲਾਈ ਸੈਸ਼ਨ ਵੀ ਕਰਵਾਇਆ ਗਿਆ।

---------------------------------------------------------------------

ਜਲੰਧਰ ਵਿਖੇ ਪਠਾਨਕੋਟ ਸੜਕ 'ਤੇ ਅੱਜ ਸਵੇਰੇ ਹੋਏ ਇੱਕ ਸੜਕ ਹਾਦਸੇ ਵਿੱਚ, ਮਾਂ-ਧੀ ਸਮੇਤ ਇੱਕ ਪਰਿਵਾਰ ਦੇ ਦੋ ਮੈਂਬਰਾਂ ਦੀ ਮੌਤ ਹੋ ਗਈ ਜਦਕਿ ਦੂਜੀ ਧੀ ਗੰਭੀਰ ਜ਼ਖਮੀ ਹੋ ਗਈ। ਹਾਦਸਾ ਉਸ ਵੇਲੇ ਵਾਪਰਿਆ ਜਦੋਂ ਇੱਕ ਅਣਪਛਾਤੀ ਬੱਸ ਨੇ ਇੱਕ ਮੋਟਰ-ਰੇਹੜੀ ਨੂੰ ਟੱਕਰ ਮਾਰ ਦਿੱਤੀ । ਬੱਸ ਡਰਾਈਵਰ ਹਾਦਸੇ ਵਾਲੀ ਥਾਂ ਤੋਂ ਬੱਸ ਲੈ ਕੇ ਫਰਾਰ ਹੋ ਗਿਆ । ਪੁਲਿਸ ਮਾਮਲੇ ਦੀ ਜਾਂਚ ਕਰ ਰਹੀ ਏ।

---

- ਕੇਂਦਰ ਵਲੋਂ ਉੱਤਰੀ ਰੇਲਵੇ ਦੇ ਅੰਬਾਲਾ ਡਿਵੀਜ਼ਨ ਲਈ 201 ਕਰੋੜ ਰੁਪਏ ਦੇ 'ਕਵਚ ਪ੍ਰੋਜੈਕਟ' ਨੂੰ ਮਨਜ਼ੂਰੀ - ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਨੂੰ ਜੋੜਨ ਵਾਲੇ ਪ੍ਰਮੁੱਖ ਰੇਲ ਲਾਂਘਿਆਂ ਨੂੰ ਹੋਵੇਗਾ ਫਾਇਦਾ।
- ਪੰਜਾਬ ਵਿੱਚ ਵਿਸ਼ੇਸ਼ ਤੀਬਰ ਸੋਧ-2026 ਤਹਿਤ ਘਰ-ਘਰ ਗਣਨਾ 25 ਜੂਨ ਤੋਂ -ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਵਿੱਚ SIR ਦੇ ਹਿੱਸੇ ਵਜੋਂ, ਗਣਨਾ ਦਾ ਗੇੜ ਅੱਜ ਤੋਂ ਸ਼ੁਰੂ ਹੋਇਆ।
- ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੇ, ਰੂਪਨਗਰ ਜ਼ਿਲ੍ਹੇ ਵਿੱਚ ਆਵਾਰਾ ਕੁੱਤਿਆਂ ਦੇ ਹਮਲੇ ਕਾਰਨ, ਅੱਠ ਸਾਲਾ ਬੱਚੀ ਦੀ ਮੌਤ ਹੋਣ ਦਾ, ਆਪਣੇ ਪੱਧਰ 'ਤੇ ਨੋਟਿਸ ਲਿਆ I
- ਆਯੁਸ਼ ਮੰਤਰਾਲੇ ਵਲੋਂ 12ਵੇਂ ਕੌਮਾਂਤਰੀ ਯੋਗ ਦਿਵਸ ਦੇ ਰਸਮੀ ਸਮਾਗਮਾਂ ਦੀ ਸ਼ੁਰੂਆਤ।

ਅਤੇ

- ਜਲੰਧਰ 'ਚ ਪਠਾਨਕੋਟ ਸੜਕ 'ਤੇ ਅੱਜ ਸਵੇਰੇ ਹੋਏ ਇੱਕ ਸੜਕ ਹਾਦਸੇ ਵਿੱਚ, ਮਾਂ-ਧੀ ਸਮੇਤ ਇੱਕ ਪਰਿਵਾਰ ਦੇ ਦੋ ਮੈਂਬਰਾਂ ਦੀ ਮੌਤ-ਦੂਜੀ ਧੀ ਗੰਭੀਰ ਜ਼ਖਮੀ।

ਇਸਦੇ ਨਾਲ     ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,  ਖਬਰਾਂ ਦਾ

ਅਗਲਾ  ਬੁਲੇਟਿਨ ਤੁਸੀਂ ਸੁਣੋਗੇ    7        ਨਮਸਕਾਰ  !